ਸਾਰਗ ਮਹਲਾ ੫ ॥ ਜਾਹੂ ਕਾਹੂ ਅਪੁਨੋ ਹੀ ਚਿਤਿ ਆਵੈ ॥ ਜੋ ਕਾਹੂ ਕੋ ਚੇਰੋ ਹੋਵਤ ਠਾਕੁਰ ਹੀ ਪਹਿ ਜਾਵੈ ॥੧॥ ਰਹਾਉ ॥ ਅਪਨੇ ਪਹਿ ਦੂਖ ਅਪਨੇ ਪਹਿ ਸੂਖਾ ਅਪੁਨੇ ਹੀ ਪਹਿ ਬਿਰਥਾ ॥ ਅਪੁਨੇ ਪਹਿ ਮਾਨੁ ਅਪੁਨੇ ਪਹਿ ਤਾਨਾ ਅਪਨੇ ਹੀ ਪਹਿ ਅਰਥਾ ॥੧॥ ਕਿਨ ਹੀ ਰਾਜ ਜੋਬਨੁ ਧਨ ਮਿਲਖਾ ਕਿਨ ਹੀ ਬਾਪ ਮਹਤਾਰੀ ॥ ਸਰਬ ਥੋਕ ਨਾਨਕ ਗੁਰ ਪਾਏ ਪੂਰਨ ਆਸ ਹਮਾਰੀ ॥੨॥੩੪॥੫੭॥ {ਪੰਨਾ 1215}

ਪਦਅਰਥ:- ਜਾਹੂ ਕਾਹੂ—ਹਰ ਕਿਸੇ ਨੂੰ। ਚਿਤਿ—ਚਿੱਤ ਵਿਚ। ਆਵੈ—ਯਾਦ ਆਉਂਦਾ ਹੈ। ਕਾਹੂ ਕੋ—ਕਿਸੇ ਦਾ। ਚੇਰੋ—ਸੇਵਕ, ਨੌਕਰ। ਠਾਕੁਰ—ਮਾਲਕ। ਪਹਿ—ਪਾਸ, ਕੋਲ।1। ਰਹਾਉ।

ਬਿਰਥਾ—{ÒXQw} ਦਿਲ ਦਾ ਦੁੱਖ। ਤਾਨਾ—ਤਾਕਤ, ਆਸਰਾ। ਅਰਥਾ—ਲੋੜਾਂ।1।

ਕਿਨ ਹੀ—ਕਿਨਿ ਹੀ, ਕਿਸੇ ਨੇ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਨਿ' ਦੀ 'ਿ' ਉੱਡ ਗਈ ਹੈ}। ਜੋਬਨੁ—ਜਵਾਨੀ। ਮਿਲਖਾ—ਜ਼ਮੀਨ। ਮਹਤਾਰੀ—ਮਾਂ। ਗੁਰ—ਹੇ ਗੁਰੂ!।2।

ਅਰਥ:- ਹੇ ਭਾਈ! ਹਰ ਕਿਸੇ ਨੂੰ (ਕੋਈ) ਆਪਣਾ ਹੀ (ਪਿਆਰਾ) ਚਿੱਤ ਵਿਚ ਯਾਦ ਆਉਂਦਾ ਹੈ। ਜਿਹੜਾ ਮਨੁੱਖ ਕਿਸੇ ਦਾ ਸੇਵਕ ਹੁੰਦਾ ਹੈ, (ਉਹ ਸੇਵਕ ਆਪਣੇ) ਮਾਲਕ ਪਾਸ ਹੀ (ਲੋੜ ਪਿਆਂ) ਜਾਂਦਾ ਹੈ।1। ਰਹਾਉ।

ਹੇ ਭਾਈ! ਆਪਣੇ ਸਨੇਹੀ ਕੋਲ ਦੁੱਖ ਫੋਲੀਦੇ ਹਨ ਆਪਣੇ ਸਨੇਹੀ ਪਾਸ ਸੁਖ ਦੀਆਂ ਗੱਲਾਂ ਕਰੀਦੀਆਂ ਹਨ, ਆਪਣੇ ਹੀ ਸਨੇਹੀ ਕੋਲ ਦਿਲ ਦਾ ਦੁੱਖ ਦੱਸੀਦਾ ਹੈ। ਆਪਣੇ ਸਨੇਹੀ ਉਤੇ ਹੀ ਮਾਣ ਕਰੀਦਾ ਹੈ, ਆਪਣੇ ਸਨੇਹੀ ਦਾ ਹੀ ਆਸਰਾ ਤੱਕੀਦਾ ਹੈ, ਆਪਣੇ ਸਨੇਹੀ ਨੂੰ ਹੀ ਆਪਣੀਆਂ ਲੋੜਾਂ ਦੱਸੀਦੀਆਂ ਹਨ।1।

ਹੇ ਭਾਈ! ਕਿਸੇ ਨੇ ਰਾਜ ਦਾ ਮਾਣ ਕੀਤਾ, ਕਿਸੇ ਨੇ ਜਵਾਨੀ ਨੂੰ (ਆਪਣੀ ਸਮਝਿਆ), ਕਿਸੇ ਨੇ ਧਨ ਧਰਤੀ ਦਾ ਮਾਣ ਕੀਤਾ, ਕਿਸੇ ਨੇ ਪਿਉ ਮਾਂ ਦਾ ਆਸਰਾ ਤੱਕਿਆ। ਹੇ ਨਾਨਕ! (ਆਖ—) ਹੇ ਗੁਰੂ! ਮੈਂ ਸਾਰੇ ਪਦਾਰਥ ਤੈਥੋਂ ਪ੍ਰਾਪਤ ਕਰ ਲਏ ਹਨ, ਮੇਰੀ ਹਰੇਕ ਆਸ (ਤੇਰੇ ਦਰ ਤੋਂ) ਪੂਰੀ ਹੁੰਦੀ ਹੈ।2। 34। 47।